ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਕ ਖਬਰਾਂ ਪੰਜਾਬੀ

13:10

ਮਿਤੀ: 04-11-2026

ਪੰਜਾਬ ਸਰਕਾਰ ਨੇ ਅੱਜ ਆਪਣੇ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਵਿੱਚ 3 ਫੀਸਦੀ ਵਾਧੇ ਦਾ ਐਲਾਨ ਕੀਤਾ ਏ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਇਹ ਐਲਾਨ ਕਰਦੇ ਹੋਏ ਕਿਹਾ ਕਿ ਵਧਿਆ ਹੋਇਆ ਡੀ.ਏ. ਦਸੰਬਰ ਦੀ ਤਨਖਾਹ ਨਾਲ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਦੀ ਸਰਕਾਰ ਸਾਲ 2022 ਵਿੱਚ ਸੱਤਾ ਵਿੱਚ ਆਈ ਸੀ, ਤਾਂ ਡੀ.ਏ 28 ਫੀਸਦੀ ਸੀ, ਜੋ ਕਿ ਹੁਣ 53 ਫੀਸਦੀ ਹੋ ਗਿਆ ਏ । ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਦੋ ਮਹੀਨਿਆਂ ਦੇ ਅੰਦਰ-ਅੰਦਰ 11 ਫੀਸਦੀ ਵਾਧਾ ਕੀਤਾ ਏ । ਇਸ ਦੇ ਨਾਲ ਹੀ ਉਨ੍ਹਾਂ ਨੇ ਸਾਰਿਆਂ ਨੂੰ ਮੋਹਾਲੀ ਵਿੱਚ ਚੱਲ ਰਹੀ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਦੇ ਸੈਮੀਫਾਈਨਲ ਅਤੇ ਫਾਈਨਲ ਦੇਖਣ ਲਈ ਸੱਦਾ ਦਿੱਤਾ ।

ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਅੱਜ ਪੰਜਾਬ ਵਿੱਚ ਸੱਤ

ਥਾਵਾਂ ’ਤੇ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਏ। ਇਨ੍ਹਾਂ ਵਿੱਚ ਮੋਗਾ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਅਮਨਦੀਪ ਕੌਰ ਅਰੋੜਾ ਨਾਲ ਸਬੰਧਤ ਟਿਕਾਣੇ ਵੀ ਸ਼ਾਮਲ ਨੇ। ਇਹ ਕਾਰਵਾਈ ਸਰਕਾਰੀ ਅਤੇ ਸੰਸਥਾਗਤ ਜਾਇਦਾਦਾਂ ਨੂੰ ਕਥਿਤ ਤੌਰ ’ਤੇ ਧੋਖਾਧੜੀ ਰਾਹੀਂ ਹਾਸਲ ਕਰਨ ਅਤੇ ਜਨਤਕ ਫੰਡਾਂ ਦੀ ਕਥਿਤ ਦੁਰਵਰਤੋਂ ਦੇ ਮਾਮਲੇ ਵਿੱਚ ਕੀਤੀ ਜਾ ਰਹੀ ਏ। ਈ.ਡੀ. ਦੇ ਅਧਿਕਾਰੀਆਂ ਮੁਤਾਬਕ ਤਲਾਸ਼ੀ ਮੁਹਿੰਮ ਵਿਧਾਇਕਾ ਅਮਨਦੀਪ ਕੌਰ ਅਰੋੜਾ ਦੇ ਪਤੀ ਡਾ. ਰਾਕੇਸ਼ ਅਰੋੜਾ, ਪਰਿਵਾਰਕ ਜੀਆਂ, ਸਬੰਧਤ ਵਿਅਕਤੀਆਂ ਅਤੇ ਡਾ. ਰਾਕੇਸ਼ ਨਾਲ ਜੁੜੇ ਨਸ਼ਾ ਛੁਡਾਊ ਹਸਪਤਾਲ ਨਾਲ ਸਬੰਧਤ ਟਿਕਾਣਿਆਂ ’ਤੇ ਚਲਾਈ ਜਾ ਰਹੀ ਏ। ਜਾਂਚ ਦਾ ਸਬੰਧ ਮੋਗਾ ਜ਼ਿਲ੍ਹੇ ਵਿੱਚ ਰਾਸ਼ਟਰੀ ਰਾਜਮਾਰਗ ਨੰਬਰ 754-ਏ ਲਈ ਹਾਸਲ ਕੀਤੀ ਗਈ ਸਰਕਾਰੀ ਜ਼ਮੀਨ ਦੇ ਕਥਿਤ ਗੈਰ-ਕਾਨੂੰਨੀ ਇੰਤਕਾਲ ਅਤੇ ਮੁਆਵਜ਼ੇ ਦੀ ਰਕਮ ਗ਼ਲਤ ਤਰੀਕੇ ਨਾਲ ਜਾਰੀ ਕਰਨ ਨਾਲ ਏ। ਈ.ਡੀ. ਨੇ ਪੰਜਾਬ ਪੁਲਿਸ ਵੱਲੋਂ 16 ਜੂਨ 2024 ਨੂੰ ਦਰਜ ਕੀਤੀ ਗਈ ਐੱਫ.ਆਈ.ਆਰ. ਦੇ ਆਧਾਰ ’ਤੇ ਇਨਫੋਰਸਮੈਂਟ ਕੇਸ ਇੰਫਰਮੇਸ਼ਨ ਰਿਪੋਰਟ (ਈ.ਸੀ.ਆਈ.ਆਰ.) ਦਰਜ ਕੀਤੀ ਸੀ।

ਭਾਰਤੀ ਜਨਤਾ ਪਾਰਟੀ ਦੀ ਪੰਜਾਬ ਇਕਾਈ ਵੱਲੋਂ ਅੱਜ ਚੰਡੀਗੜ੍ਹ ਵਿੱਚ

‘ਜ਼ਖ਼ਮ 84 ਦੇ’ ਸਿਰਲੇਖ ਤਹਿਤ ਇੱਕ ਦਿਨਾ ਸੰਮੇਲਨ ਅਤੇ ਫੋਟੋ ਪ੍ਰਦਰਸ਼ਨੀ ਕਰਵਾਈ ਜਾ ਰਹੀ ਏ। ਇਸ ਵਿੱਚ 1984 ਦੇ ਸਿੱਖ ਕਤਲੇਆਮ ਦੇ ਚਸ਼ਮਦੀਦ ਗਵਾਹ, ਵਕੀਲ ਅਤੇ ਉਹ ਸੀਨੀਅਰ ਸਿਆਸੀ ਆਗੂ ਸ਼ਾਮਲ ਹੋ ਰਹੇ ਨੇ, ਜਿਨ੍ਹਾਂ ਨੇ ਇਸ ਨਾਲ ਸਬੰਧਤ ਮਾਮਲਿਆਂ ਦੀ ਅਦਾਲਤਾਂ ਵਿੱਚ ਪੈਰਵੀ ਕੀਤੀ ਅਤੇ ਆਪਣੇ ਪਰਿਵਾਰਕ ਮੈਂਬਰਾਂ ਤੇ ਨਜ਼ਦੀਕੀਆਂ ਨੂੰ ਗੁਆਉਣ ਦਾ ਦਰਦ ਹੰਢਾਇਆ ਏ। ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਪੰਜਾਬ ਭਾਜਪਾ ਦੇ ਇੰਚਾਰਜ ਡਾ. ਸਤੀਸ਼ ਪੂਨੀਆ ਨੇ ਇਸ ਸੰਮੇਲਨ ਦਾ ਉਦਘਾਟਨ ਕੀਤਾ। ਸੰਮੇਲਨ ਵਿੱਚ ਛੇ ਸੈਸ਼ਨ ਰੱਖੇ ਗਏ ਨੇ। ਇਨ੍ਹਾਂ ਸੈਸ਼ਨਾਂ ਨੂੰ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਰਵੀ ਸ਼ੰਕਰ ਪ੍ਰਸਾਦ ਸੰਬੋਧਨ ਕਰ ਰਹੇ ਨੇ। ਉਨ੍ਹਾਂ ਨੇ 1984 ਦੇ ਕਤਲੇਆਮ ਨਾਲ ਸਬੰਧਤ ਮਾਮਲਿਆਂ ਦੀ ਸੁਪਰੀਮ ਕੋਰਟ ਵਿੱਚ ਪੈਰਵੀ ਕੀਤੀ ਸੀ। ਇਸ ਤੋਂ ਇਲਾਵਾ ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੀ ਸ਼ਾਮਲ ਨੇ, ਜਿਨ੍ਹਾਂ ਨੇ ਪੰਜਾਬ ਵਿੱਚ ਆਪਣੇ ਪਰਿਵਾਰ ਦੇ ਪੰਜ ਜੀਅ ਗੁਆਏ ਸਨ। ਸੀਨੀਅਰ ਵਕੀਲ ਐੱਚ. ਐੱਸ. ਫੂਲਕਾ ਵੀ ਸੰਮੇਲਨ ਨੂੰ ਸੰਬੋਧਨ ਕਰ ਰਹੇ ਨੇ। ਉਨ੍ਹਾਂ ਨੇ ਕਤਲੇਆਮ ਲਈ ਜ਼ਿੰਮੇਵਾਰ ਲੋਕਾਂ ਨੂੰ ਸਜ਼ਾ ਦਿਵਾਉਣ ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ 42 ਸਾਲ ਲੰਬੀ ਕਾਨੂੰਨੀ ਲੜਾਈ ਲੜੀ ਏ। ਇਸ ਦੇ ਨਾਲ ਹੀ ਜਸਟਿਸ ਐੱਸ. ਐੱਨ. ਢੀਂਗਰਾ ਵੀ ਸੰਮੇਲਨ ਵਿੱਚ

ਸ਼ਾਮਲ ਨੇ, ਜਿਨ੍ਹਾਂ ਨੇ 1984 ਦੇ ਕਤਲੇਆਮ ਨਾਲ ਸਬੰਧਤ ਬੰਦ ਕੀਤੇ ਗਏ ਮਾਮਲਿਆਂ ਦੀ ਮੁੜ ਜਾਂਚ ਲਈ ਸੁਪਰੀਮ ਕੋਰਟ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਦੀ ਅਗਵਾਈ ਕੀਤੀ ਸੀ। --

---

ਤਿਉਹਾਰਾਂ ਦੇ ਮੱਦੇਨਜ਼ਰ ਖੁਰਾਕ ਸੁਰੱਖਿਆ ਵਿਭਾਗ ਦੇ ਸਹਾਇਕ ਕਮਿਸ਼ਨਰ ਜੀ.ਐੱਸ. ਪੰਨੂ ਵੱਲੋਂ ਗਠਿਤ ਸਿਹਤ ਵਿਭਾਗ ਦੀ ਟੀਮ ਨੇ ਦੀਨਾਨਗਰ ਵਿੱਚ ਡੇਅਰੀਆਂ ਅਤੇ ਮਠਿਆਈ ਦੀਆਂ ਦੁਕਾਨਾਂ ਦਾ ਨਿਰੀਖਣ ਕੀਤਾ। ਇਸ ਦੌਰਾਨ ਸਿਹਤ ਵਿਭਾਗ ਦੀ ਟੀਮ ਨੇ ਪਨੀਰ ਅਤੇ ਖੋਏ ਦੇ ਸੈਂਪਲ ਭਰੇ ਤੇ ਇਕ ਪ੍ਰਸਿੱਧ ਡੇਅਰੀ ਦੇ ਉਤਪਾਦ ਜ਼ਬਤ ਕਰ ਕੇ ਜਾਂਚ ਲਈ ਭੇਜ ਦਿੱਤੇ ਗਏ ਨੇ। ਦੁਕਾਨਦਾਰਾਂ ਅਤੇ ਡੇਅਰੀ ਸੰਚਾਲਕਾਂ ਨੂੰ ਚਿਤਾਵਨੀ ਦਿੱਤੀ ਗਈ ਏ ਕਿ ਖਾਣ-ਪੀਣ ਵਾਲੀਆਂ ਵਸਤਾਂ ਵਿੱਚ ਮਿਲਾਵਟ ਕਰਨ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

9ਵੀਂ 'ਹੀਰੋ ਏਸ਼ੀਅਨ ਹਾਕੀ ਚੈਂਪੀਅਨਸ਼ਿਪ' ਦੇ ਸੈਮੀਫਾਈਨਲ ਵਿੱਚ ਅੱਜ ਭਾਰਤ ਦਾ ਮੁਕਾਬਲਾ ਦੱਖਣੀ ਕੋਰੀਆ ਨਾਲ ਹੋਵੇਗਾ। ਇਹ ਮੈਚ ਮੋਹਾਲੀ

ਸਥਿਤ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰਰਾਸ਼ਟਰੀ ਹਾਕੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਭਾਰਤੀ ਟੀਮ ਨੇ ਹੁਣ ਤੱਕ ਟੂਰਨਾਮੈਂਟ ਵਿੱਚ ਇੱਕ ਵੀ ਮੈਚ ਨਹੀਂ ਹਾਰਿਆ। ਜਲੰਧਰ 'ਚ ਖੇਡੇ ਗਏ ਲੀਗ ਪੜਾਅ ਦੇ ਮੁਕਾਬਲਿਆਂ ਵਿੱਚ, ਭਾਰਤ ਆਪਣੇ ਸਾਰੇ 5 ਮੈਚ ਜਿੱਤ ਕੇ ਸਿਖਰ 'ਤੇ ਰਿਹਾ।ਇਸ ਤੋਂ ਬਾਅਦ ਜਾਪਾਨ ਦੂਜੇ, ਮਲੇਸ਼ੀਆ ਤੀਜੇ, ਦੱਖਣੀ ਕੋਰੀਆ ਚੌਥੇ, ਚੀਨ ਪੰਜਵੇਂ ਸਥਾਨ 'ਤੇ ਰਿਹਾ ਸੀ। ਆਕਾਸ਼ਵਾਣੀ ਦੇ ਪੱਤਰਕਾਰ ਮੁਤਾਬਕ ਅੱਜ ਮੋਹਾਲੀ 'ਚ ਨਾਕਆਊਟ ਗੇੜ ਦੇ ਤਿੰਨ ਮੁਕਾਬਲੇ ਖੇਡੇ ਜਾਣਗੇ, ਜਿਨ੍ਹਾਂ ਵਿੱਚ ਦੋ ਸੈਮੀਫਾਈਨਲ ਅਤੇ ਪੰਜਵੇਂ ਸਥਾਨ ਲਈ ਇੱਕ ਮੁਕਾਬਲਾ ਸ਼ਾਮਲ ਏ। ਦਿਨ ਦਾ ਪਹਿਲਾ ਮੁਕਾਬਲਾ ਦੁਪਹਿਰ 2 ਵਜੇ ਚੀਨ ਅਤੇ ਬੰਗਲਾਦੇਸ਼ ਦਰਮਿਆਨ ਹੋਵੇਗਾ। ਪਹਿਲਾ ਸੈਮੀਫਾਈਨਲ ਸ਼ਾਮ ਸਾਢੇ ਚਾਰ ਵਜੇ ਜਾਪਾਨ ਅਤੇ ਮਲੇਸ਼ੀਆ ਦਰਮਿਆਨ ਖੇਡਿਆ ਜਾਵੇਗਾ। ਜਦਕਿ ਦੂਜੇ ਸੈਮੀਫਾਈਨਲ ਵਿੱਚ ਸ਼ਾਮ 7 ਵਜੇ ਭਾਰਤ ਅਤੇ ਦੱਖਣੀ ਕੋਰੀਆ ਦੀਆਂ ਟੀਮਾਂ ਆਹਮੋ-ਸਾਹਮਣੇ ਹੋਣਗੀਆਂ। ਚੈਂਪੀਅਨਸ਼ਿਪ ਦੇ ਫਾਈਨਲ ਮੁਕਾਬਲੇ ਭਲਕੇ ਖੇਡੇ ਜਾਣਗੇ।